# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੇ ਕਮਿਸ਼ਨਰ ਵੱਜੋਂ ਸ੍ਰੀ ਜਸਬੀਰ ਸਿੰਘ ਨੇ ਆਪਣਾ ਅਹੁਦਾ ਸੰਭਾਲਿਆ

ਹੁਸ਼ਿਆਰਪੁਰ 19 ਅਕਤੂਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਦਫ਼ਤਰ ਵਿਖੇ ਜਸਬੀਰ ਸਿੰਘ ਨੇ ਅੱਜ ਨਗਰ ਨਿਗਮ ਦੇ ਕਮਿਸ਼ਨਰ ਵਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ। ਉਹ ਇਸ ਤੋਂ ਪਹਿਲਾਂ ਭੁਲੱਥ ਵਿਖੇ ਬਤੌਰ ਐਸ.ਡੀ.ਐਮ ਤੈਨਾਤ ਸਨ। ਸ੍ਰੀ ਜ਼ਸਵੀਰ ਸਿੰਘ ਇਸ ਤੋਂ ਪਹਿਲਾਂ ਬਤੌਰ ਐਸ.ਡੀ.ਐਮ ਦਸੂਹਾ, ਸ਼ਾਹਕੋਟ, ਫਲੋਰ ਅਤੇ ਬਤੌਰ ਕਮਿਸ਼ਨਰ ਮੋਗਾ ਵਿਖੇ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਦੇ ਆਹੁਦੇ ਦਾ ਚਾਰਜ ਸੰਭਾਲਣ ਉਪਰੰਤ ਉਹਨਾਂ ਦੱਸਿਆ ਕਿ ਉਹ ਨਗਰ ਨਿਗਮ ਹੁਸ਼ਿਆਰਪੁਰ ਦੇ ਵਿਕਾਸ ਕਾਰਜਾਂ ਵਿਚ ਹੋਰ ਤੇਜੀ ਲਿਆਉਣ ਦਾ ਯਤਨ ਕਰਨਗੇ। ਉਹਨਾਂ ਦੱਸਿਆ ਕਿ ਨਗਰ ਨਿਗਮ ਦੇ ਕੰਮ ਕਾਜ ਸਬੰਧੀ ਅਤੇ ਸ਼ਹਿਰ ਦੀਆਂ ਮੁਸ਼ਕਲਾਂ ਸਬੰਧੀ ਕੋਈ ਵੀ ਵਿਅਕਤੀ ਉਹਨਾਂ ਨੂੰ ਉਹਨਾਂ ਦੇ ਦਫ਼ਤਰ ਵਿਖੇ ਮਿਲ ਸਕਦਾ ਹੈ।